# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

## 25 ਫਰਵਰੀ ਨੂੰ 191273 ਪਰੀਖਿਆਰਥੀ
## 475 ਕੇਂਦਰਾਂ ਵਿੱਚ ਪੀ.ਐੱਸ.ਟੀ.ਈ.ਟੀ ਲਈ ਬੈਠਣਗੇ

ਐੱਸ.ਏ.ਐੱਸ. ਨਗਰ 22 ਫਰਵਰੀ () ਸਿੱਖਿਆ ਵਿਭਾਗ ਪੰਜਾਬ ਵੱਲੋਂ 25 ਫਰਵਰੀ ਨੂੰ ਲਏ ਜਾਣ ਵਾਲੇ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-1 ਅਤੇ ਟੈਸਟ-2 ਲਈ ਤਿਆਰੀਆਂ ਮੁਕੰਮਲ ਕੀਤੀਆਂ ਜਾ ਚੁੱਕੀਆਂ ਹਨ।

ਇਸ ਸਬੰਧੀ ਸਿੱਖਿਆ ਵਿਭਾਗ ਦੇ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 25 ਫਰਵਰੀ ਨੂੰ ਹੋਣ ਵਾਲੇ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-1 ਵਿੱਚ 142 ਪ੍ਰੀਖਿਆ ਕੇਂਦਰਾਂ ਅੰਦਰ 55,212 ਪ੍ਰੀਖਿਆਰਥੀ ਅਤੇ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 ਵਿੱਚ 333 ਪ੍ਰੀਖਿਆ ਕੇਂਦਰਾਂ ਅੰਦਰ 1,36,061 ਪ੍ਰੀਖਿਆਰਥੀ ਅਪੀਅਰ ਹੋ ਰਹੇ ਹਨ। ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 ਦਾ ਪ੍ਰੀਖਿਆ ਦਾ ਸਮਾਂ ਸਵੇਰ 9:30 ਤੋਂ 12 ਵਜੇ ਤੱਕ 2 ਘੰਟੇ 30 ਮਿੰਟ ਦਾ ਹੋਵੇਗਾ ਅਤੇ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-1 ਦਾ ਪ੍ਰੀਖਿਆ ਦਾ ਸਮਾਂ ਦੁਪਹਿਰ 2:00 ਤੋਂ 4:30 ਵਜੇ ਤੱਕ 2 ਘੰਟੇ 30 ਮਿੰਟ ਦਾ ਹੋਵੇਗਾ।

ਬੁਲਾਰੇ ਨੇ ਜਾਣਕਾਰੀ ਦਿੱਤੀ ਕਿ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ ਨੂੰ ਆਯੋਜਿਤ ਕਰਨ ਲਈ ਵਿਭਾਗ ਵੱਲੋਂ 22 ਜਿਲ੍ਹਿਆਂ ਵਿੱਚ 28 ਨੋਡਲ ਕੇਂਦਰ ਵੀ ਸਥਾਪਿਤ ਕੀਤੇ ਗਏ ਹਨ। ਪ੍ਰੀਖਿਆ ਕੇਂਦਰਾਂ ਲਈ ਮੁੱਖ ਦਫ਼ਤਰ ਵੱਲੋਂ ਅਧਿਕਾਰੀਆਂ, ਕੇਂਦਰ ਕੰਟਰੋਲਰਾਂ, ਕੇਂਦਰ ਸੁਪਰਡੈਂਟਾਂ, ਨਿਗਰਾਨ ਅਮਲੇ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।

ਬੁਲਾਰੇ ਨੇ ਜਾਣਕਾਰੀ ਦਿੱਤੀ ਕਿ 23 ਫਰਵਰੀ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਨੋਡਲ ਕੇਂਦਰਾਂ 'ਤੇ ਲੋੜੀਂਦੀ ਸਮੱਗਰੀ ਪਹੁੰਚਾ ਦਿੱਤੀ ਜਾਵੇਗੀ ਅਤੇ ਜਿਲ੍ਹਾ ਸਿੱਖਿਆ ਅਫਸਰਾਂ ਤੇ ਨੋਡਲ ਅਫਸਰਾਂ ਨੂੰ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਲਈ ਵੀ ਹਦਾਇਤਾਂ ਦਿੱਤੀਆਂ ਗਈਆਂ ਹਨ।

ਬੁਲਾਰੇ ਨੇ ਹੋਰ ਜਾਣਕਾਰੀ ਦਿੱਤੀ ਕਿ ਸਕੱਤਰ ਸਕੂਲ ਸਿੱਖਿਆ ਪੰਜਾਬ ਸ੍ਰੀ ਕ੍ਰਿਸ਼ਨ ਕੁਮਾਰ ਜੀ ਨੇ ਸਮੂਹ ਨੋਡਲ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਪੰਜਾਬ ਰਾਜ ਅਧਿਅਪਕ ਯੋਗਤਾ ਟੈਸਟ ਨੂੰ ਨੇਕ ਨੀਤੀ ਅਤੇ ਸ਼ੁੱਧ ਭਾਵਨਾ ਨਾਲ ਕਰਵਾਉਣ ਲਈ ਸੁਹਿਰਦ ਯਤਨ ਕਰਨ ਅਤੇ ਇਸ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨਾ ਕੀਤੀ ਜਾਵੇ। ਸਕੱਤਰ ਸਕੂਲ ਸਿੱਖਿਆ ਪੰਜਾਬ ਜੀ ਨੇ ਟੈਸਟ ਵਿੱਚ ਅਪੀਅਰ ਹੋਣ ਵਾਲੇ ਪ੍ਰੀਖਿਆਰਥੀਆਂ ਨੂੰ ਵੀ ਸ਼ੁੱਭ ਕਾਮਨਾਵਾਂ ਦਿੱਤੀਆਂ।

ਮਿਤੀ:-22-02-2018

ਕੋਮਲ ਸਿੰਘ
ਲੋਕ ਸੰਪਰਕ ਦਫ਼ਤਰ
ਪੰਜਾਬ ਸਕੂਲ ਸਿੱਖਿਆ ਬੋਰਡ